**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ. ਨਗਰ।**
**(ਕੋਆਰਡੀਨੇਸ਼ਨ ਸ਼ਾਖਾ)**

ਸੇਵਾ ਵਿਖੇ

1. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।
2. ਸਮੂਹ ਜਿਲ੍ਹਾ ਸਿੱਖਿਅ ਅਫਸਰ (ਸੈਸਿ), ਪੰਜਾਬ।

ਮੀਮੋ ਨੰ: 15/145-2012 ਕੋ ਸੈਲ (1)/ 485
ਮਿਤੀ: 14.08.2017

**ਵਿਸ਼ਾ:** **ਸਰਕਾਰੀ ਕਰਮਚਾਰੀਆਂ ਲਈ ਸਵੈ-ਰੋਜਗਾਰ ਦੇ ਉਦੇਸ਼ ਨਾਲ ਪੰਜ ਸਾਲ ਦੀ ਵਿਸ਼ੇਸ਼ ਛੁੱਟੀ ਦੇਣ ਸਬੰਧੀ ਜਾਰੀ ਕੀਤੀਆਂ ਹਦਾਇਤਾਂ ਬਾਰੇ।**

ਹਵਾਲਾ: ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ (ਪੀ.ਪੀ.3 ਸ਼ਾਖਾ) ਦਾ ਪੱਤਰ ਨੰ: 6/21/2001 -6ਪੀਪੀ3/1031263/1 ਮਿਤੀ: 26.07.2017

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਜੀ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਪੱਤਰ ਦੀ ਕਾਪੀ।

ਸੁਪਰਡੰਟ ਕੋਆਰਡੀਨੇਸ਼ਨ ਸ਼ਾਖਾ

ਪਿੱ: ਅੰ: ਨੰ: ਉਕਤ ਮਿਤੀ: 14.08.2017

ਉਤਾਰਾ ਦਫਤਰ ਡੀ.ਪੀ.ਆਈ. (ਸੈਸਿ), ਪੰਜਾਬ ਵਿਖੇ ਸਮੂਹ ਅਮਲਾ ਅਧਿਕਾਰੀਆਂ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ ਕੋਆਰਡੀਨੇਸ਼ਨ ਸ਼ਾਖਾ

6/21/2001-6ਪੀਪੀ3/10 31263/1 5572 ਸ਼ਾਖਾ 10/8/17

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
( ਪੀ.ਪੀ.3 ਸ਼ਾਖਾ )

40464 5/8/17

ਸੇਵਾ ਵਿਖੇ,

ਪੰਜਾਬ ਸਰਕਾਰ ਦੇ ਸਮੂਹ ਵਿਭਾਗਾਂ ਦੇ ਮੁਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਰਾਜ ਦੇ ਸਾਰੇ ਡਵੀਜ਼ਨਾਂ ਦੇ ਕਮਿਸ਼ਨਰ,
ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਅਤੇ ਉਪ ਮੰਡਲ ਅਫਸਰ (ਸਿਵਲ)।

ਮਿਤੀ,ਚੰਡੀਗੜ੍ਹ 26-7-2017

7-8-17 ADC

ਵਿਸ਼ਾ:- ਸਰਕਾਰੀ ਕਰਮਚਾਰੀਆਂ ਲਈ ਸਵੈ-ਰੋਜਗਾਰ ਦੇ ਉਦੇਸ਼ ਨਾਲ ਪੰਜ ਸਾਲ ਦੀ ਵਿਸ਼ੇਸ਼ ਛੁੱਟੀ ਦੇਣ ਸਬੰਧੀ ਜਾਰੀ ਕੀਤੀਆਂ ਹਦਾਇਤਾਂ ਬਾਰੇ।

-----

ਸ਼੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਹਦਾਇਤ ਹੋਈ ਹੈ ਕਿ ਮੈਂ ਆਪ ਦਾ ਧਿਆਨ ਉਪਰੋਕਤ ਵਿਸ਼ੇ ਤੇ ਸਰਕਾਰ ਦੀਆਂ ਹਦਾਇਤਾਂ ਮਿਤੀ 24-3-2015 ਵੱਲ ਦਿਵਾਂਵਾ ਜਿਹਨਾਂ ਰਾਹੀ ਸਰਕਾਰੀ ਕਰਮਚਾਰੀਆਂ ਲਈ ਸਵੈ-ਰੋਜਗਾਰ ਦੇ ਉਦੇਸ਼ ਨਾਲ ਪੰਜ ਸਾਲ ਦੀ ਵਿਸ਼ੇਸ਼ ਛੁੱਟੀ ਦਾ ਉਪਬੰਧ ਕਰਨ ਸਬੰਧੀ ਜਾਰੀ ਹੋਈਆਂ ਮੁੱਖ ਹਦਾਇਤਾਂ ਨੰ:6/21/2001-6ਪੀਪੀ3/5108, ਮਿਤੀ 8.5.2002 ਅਤੇ ਇਸ ਉਪਰੰਤ ਜਾਰੀ ਸਪੱਸ਼ਟੀਕਰਨ (Clarifications) ਨੰ:6/33/2004-6ਪੀਪੀ3/7658, ਮਿਤੀ 10.06.2005, ਨੰ: 6/21/2001-6ਪੀਪੀ3/11545 ਮਿਤੀ 10.8.2006, ਨੰ:6/18/2007-6ਪੀਪੀ3/11883 ਮਿਤੀ 16.8.2007, ਨੰ: 6/12/2007-6ਪੀਪੀ3/1690 ਮਿਤੀ 28.1.2008 ਅਤੇ ਨੰ: 6/33/2010-6ਪੀਪੀ3/1442 ਮਿਤੀ 21.9.2011 ਤੁਰੰਤ ਪ੍ਰਭਾਵ ਤੋਂ ਵਾਪਿਸ ਲਈਆਂ ਗਈਆਂ ਸਨ ਅਤੇ ਇਹ ਵੀ ਲਿਖਿਆ ਗਿਆ ਸੀ ਕਿ ਜਿਹੜੇ ਅਧਿਕਾਰੀ/ਕਰਮਚਾਰੀ ਸਵੈ-ਰੋਜਗਾਰ ਦੀ ਛੁੱਟੀ ਤੇ ਪਹਿਲਾਂ ਹੀ ਹਨ ਉਨ੍ਹਾਂ ਤੇ ਇਨ੍ਹਾਂ ਹਦਾਇਤਾਂ ਦਾ ਕੋਈ ਅਸਰ ਨਹੀਂ ਹੋਵੇਗਾ, ਲੇਕਿਨ ਛੁੱਟੀ ਉਪਰੰਤ ਹੋਰ ਕੋਈ ਵਾਧਾ ਨਹੀਂ ਦਿੱਤਾ ਜਾਵੇਗਾ।

2. ਪ੍ਰਸੋਨਲ ਵਿਭਾਗ ਦੇ ਧਿਆਨ ਵਿੱਚ ਕੁਝ ਅਜਿਹੇ ਮਾਮਲੇ ਆਏ ਹਨ ਜਿਥੇ ਕਰਮਚਾਰੀ ਸਵੈ-ਰੋਜਗਾਰ ਛੁੱਟੀ ਵਿੱਚ ਕੋਈ ਵਾਧਾ ਤਾਂ ਨਹੀਂ ਲੈਣਾ ਚਾਹੁੰਦੇ ਬਲਕਿ ਤਿੰਨ ਸਾਲ ਦੇ ਸਮੇਂ ਤੋਂ ਪਹਿਲਾਂ ਛੁੱਟੀ ਕਰਟੇਲ ਕਰਵਾ ਕੇ ਮੁੜ ਡਿਊਟੀ ਜੁਆਇੰਨ ਕਰਨਾ ਚਾਹੁੰਦੇ ਹਨ। ਇਸ ਸਬੰਧੀ ਵਿੱਤ/ਪ੍ਰਸੋਨਲ ਵਿਭਾਗ ਦੀ ਪੂਰਵ ਪਰਵਾਨਗੀ ਲੈਣ ਵਿਚ ਬਹੁਤ ਸਮਾਂ ਲਗਦਾ ਹੈ।ਇਸ ਲਈ ਇਹ ਫੈਸਲਾ ਲਿਆ ਗਿਆ ਹੈ ਕਿ ਅਜਿਹੇ ਕਰਮਚਾਰੀ ਜਿਹੜੇ ਪਹਿਲਾਂ ਹੀ ਸਵੈ-ਰੋਜ਼ਗਾਰ ਦੇ ਉਦੇਸ਼ ਨਾਲ ਛੁੱਟੀ ਤੇ ਹਨ ਜੇ ਛੁੱਟੀ ਕਰਟੇਲ ਕਰਕੇ ਤਿੰਨ ਸਾਲ ਤੋਂ ਪਹਿਲਾਂ ਡਿਊਟੀ ਜੁਆਇਨ ਕਰਨਾ ਚਾਹੁੰਦੇ ਹੋਣ ਤਾਂ ਲੋੜੀਂਦੀ ਪ੍ਰਵਾਨਗੀ ਸਬੰਧਤ ਪ੍ਰਬੰਧਕੀ ਵਿਭਾਗਾਂ ਦੇ ਸਮਰਥ ਅਧਿਕਾਰੀ ਦੇ ਪੱਧਰ ਤੇ ਦੇ ਦਿੱਤੀ ਜਾਵੇ ।

3. ਇਹ ਹਦਾਇਤਾਂ ਆਪਣੇ ਅਧੀਨ ਸਮੂਹ ਕਰਮਚਾਰੀਆਂ ਦੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ।

(Signature)
ਉਪ ਸਕੱਤਰ ਪ੍ਰਸੋਨਲ

ਉਤਾਰਾ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਾਂ/ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਉਪ ਸਕੱਤਰ ਪ੍ਰਸੋਨਲ

ਸੇਵਾ ਵਿਖੇ

ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ: 6/21/2001-6ਪੀਪੀ3/ 1031263/2 ਮਿਤੀ: 26-7-2017

ਇਸ ਦਾ ਇਕ ਉਤਾਰਾ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,ਵਿੱਤ ਵਿਭਾਗ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਉਪ ਸਕੱਤਰ ਪ੍ਰਸੋਨਲ

ਸੇਵਾ ਵਿਖੇ

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਵਿੱਤ ਵਿਭਾਗ,
(ਵਿੱਤ ਪ੍ਰਸੋਨਲ-2 ਸ਼ਾਖਾ)

ਅੰ:ਵਿ:ਪੱ:ਨੰ: 6/21/2001-6ਪੀਪੀ3/ 1031263/3 ਮਿਤੀ: 26-7-2017